**ਪ੍ਰਧਾਨ ਮੰਤਰੀ ਨੇ ਬ੍ਰਾਜ਼ੀਲ ਦੇ ਰੀਓ ਡੀ ਜਨੇਰੀਓ ਵਿੱਚ 17ਵੇਂ BRICS ਸਮਿਟ ਦੇ ਦੌਰਾਨ ਉਰੂਗਵੇ ਦੇ ਰਾਸ਼ਟਰਪਤੀ ਨਾਲ ਮੁਲਾਕਾਤ ਕੀਤੀ (07 ਜੁਲਾਈ, 2025)**

07 ਜੁਲਾਈ 2025

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਅੱਜ ਬ੍ਰਾਜ਼ੀਲ ਦੇ ਰੀਓ ਡੀ ਜਨੇਰੀਓ ਵਿੱਚ BRICS ਸਮਿਟ ਦੇ ਦੌਰਾਨ ਓਰੀਐਂਟਲ ਰਿਪਬਲਿਕ ਆਫ਼ ਉਰੂਗਵੇ ਦੇ ਰਾਸ਼ਟਰਪਤੀ, ਮਹਾਮਹਿਮ ਯਾਮਾਂਡੂ ਓਰਸੀ ਨਾਲ ਮੁਲਾਕਾਤ ਕੀਤੀ।

2. ਦੋਨਾਂ ਨੇਤਾਵਾਂ ਨੇ ਦੁਵੱਲੇ ਸਬੰਧਾਂ ਦੇ ਸਾਰੇ ਪਹਿਲੂਆਂ 'ਤੇ ਚਰਚਾ ਕੀਤੀ। ਉਨ੍ਹਾਂ ਨੇ ਡਿਜ਼ੀਟਲ ਸਹਿਯੋਗ, ICT, ਡਿਜ਼ੀਟਲ ਪਬਲਿਕ ਇਨਫ੍ਰਾਸਟ੍ਰਕਚਰ ਅਤੇ UPI, ਰੱਖਿਆ, ਰੇਲਵੇ, ਸਿਹਤ ਅਤੇ ਫਾਰਮਾਸਿਊਟੀਕਲ, ਖੇਤੀਬਾੜੀ, ਊਰਜਾ, ਸੱਭਿਆਚਾਰ ਦੇ ਖੇਤਰਾਂ ਅਤੇ ਜਨਤਾ ਦੇ ਦਰਮਿਆਨ ਆਪਸੀ ਸਬੰਧਾਂ ਵਿੱਚ ਸਹਿਯੋਗ ਦੀ ਸਮੀਖਿਆ ਕੀਤੀ। ਦੁਵੱਲੇ ਵਪਾਰ ਅਤੇ ਨਿਵੇਸ਼ ਨੂੰ ਮਜ਼ਬੂਤ ਪ੍ਰਦਾਨ ਕਰਨਾ ਚਰਚਾ ਦਾ ਪ੍ਰਮੁੱਖ ਵਿਸ਼ਾ ਰਿਹਾ। ਦੋਨਾਂ ਧਿਰਾਂ ਨੇ ਭਾਰਤ-ਮਰਕੋਸੁਰ ਤਰਜੀਹੀ ਵਪਾਰ ਸਮਝੌਤੇ ਦੇ ਵਿਸਤਾਰ ਵਿੱਚ ਰੁਚੀ ਵਿਅਕਤ ਕੀਤੀ, ਜਿਸ ਦਾ ਉਦੇਸ਼ ਵਿਆਪਕ ਆਰਥਿਕ ਸਮਰੱਥਾਵਾਂ ਅਤੇ ਵਪਾਰ ਪੂਰਕਤਾਵਾਂ ਦੀ ਸੰਭਾਵਨਾਵਾਂ ਨੂੰ ਪ੍ਰਗਟ ਕਰਨਾ ਹੈ।

3. ਪ੍ਰਧਾਨ ਮੰਤਰੀ ਨੇ ਹਾਲ ਹੀ ਵਿੱਚ ਪਹਿਲਗਾਮ ਵਿੱਚ ਹੋਏ ਕਾਇਰਾਨਾ ਅੱਤਵਾਦੀ ਹਮਲੇ ਦੀ ਸਖ਼ਤ ਨਿੰਦਾ ਕਰਨ ਦੇ ਲਈ ਰਾਸ਼ਟਰਪਤੀ ਓਰਸੀ ਦੇ ਪ੍ਰਤੀ ਆਭਾਰ ਵਿਅਕਤ ਕੀਤਾ ਅਤੇ ਹਰੇਕ ਪ੍ਰਕਾਰ ਦੇ ਅੱਤਵਾਦ ਦੇ ਖ਼ਿਲਾਫ਼ ਲੜਾਈ ਵਿੱਚ ਭਾਰਤ ਦੇ ਨਾਲ ਉਰੂਗਵੇ ਦੀ ਇਕਜੁੱਟਤਾ ਦੀ ਸ਼ਲਾਘਾ ਕੀਤੀ।

4. ਬੈਠਕ ਵਿੱਚ ਦੋਨਾਂ ਦੇਸ਼ਾਂ ਵਲੋਂ ਪ੍ਰਗਤੀਸ਼ੀਲ ਦੁਵੱਲੀ ਸਾਂਝੇਦਾਰੀ ਵਿਕਸਿਤ ਕਰਨ ਦੀ ਪ੍ਰਤੀਬੱਧਤਾ ਦੀ ਪੁਸ਼ਟੀ ਕੀਤੀ ਗਈ।

ਰੀਓ ਡੀ ਜਨੇਰੀਓ

07 ਜੁਲਾਈ 2025